# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :15-04-2026**

## ਪਹਿਲਾਂ ਇਸ ਬੁਲੇਟੀਨ ਦੀਆਂ ਖਾਸ ਖਬਰਾਂ

- ਪਛਮੀ ਏਸ਼ੀਆ ਸੰਕਟ ਦਰਮਿਆਨ ਭਾਰਤੀ ਰਿਜ਼ਰਵ ਬੈਂਕ ਨੇ MSME ਨੂੰ ਬਿਨਾ ਕੁਝ ਗਹਿਣੇ ਰਖਿਆਂ ਕਰਜ਼ਾ ਦੇਣ ਦੀ ਸੀਮਾ 10 ਲੱਖ ਰੁਪਏ ਤੋਂ ਵਧਾ ਕੇ 20 ਲੱਖ ਰੁਪਏ ਕਰ ਦਿੱਤੀ ਏ
- ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜ਼ਿਲ੍ਹਾ ਹੁਸ਼ਿਆਰਪੁਰ ਦੇ ਟਾਂਡਾ ਵਿਖੇ 150 ਕਰੋੜ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਪ੍ਰਾਜੈਕਟਾਂ ਦਾ ਕੀਤਾ ਉਦਘਾਟਨ।
- ਈਡੀ ਵਲੋਂ ਪੰਜਾਬ ਤੋਂ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਅਸ਼ੋਕ ਮਿੱਤਲ ਨਾਲ ਜੁੜੀਆਂ ਥਾਵਾਂ 'ਤੇ ਤਲਾਸ਼ੀ ਲਈ ਗਈ।
- ਅਮਰਨਾਥ ਯਾਤਰਾ ਲਈ ਅਗਾਹੂੰ ਰਜਿਸਟ੍ਰੇਸ਼ਨ ਅੱਜ ਤੋਂ ਦੇਸ਼ ਭਰ ਦੀਆਂ 554 ਨਿਰਧਾਰਤ ਬੈਂਕ ਸ਼ਾਖਾਵਾਂ 'ਤੇ ਔਨਲਾਈਨ ਅਤੇ ਔਫਲਾਈਨ ਦੋਵਾਂ ਤਰੀਕਿਆਂ ਰਾਹੀਂ ਸ਼ੁਰੂ

- IPL ਕ੍ਰਿਕੇਟ ਵਿੱਚ, ਅੱਜ Royal ਚੈਲੇਂਜਰਜ਼ ਬੈਂਗਲੁਰੂ ਦਾ ਮੁਕਾਬਲਾ ਸ਼ਾਮੀਂ ਸਾਢੇ 7 ਵਜੇ ਲਖਨਊ ਸੁਪਰ Giants ਨਾਲ ਹੋਵੇਗਾ।

-----------------------------------------------------

ਸੂਖਮ, ਛੋਟੇ ਅਤੇ ਦਰਮਿਆਨੇ ਉਦਮਾਂ ਬਾਰੇ ਮੰਤਰਾਲੇ ਦੇ ਵਧੀਕ ਸਕੱਤਰ ਡਾ. ਰਜਨੀਸ਼ ਨੇ ਅੱਜ ਦੱਸਿਆ ਕਿ ਪਛਮੀ ਏਸ਼ੀਆ ਸੰਕਟ ਕਾਰਣ ਆਲਮੀ ਰੁਕਾਵਟਾਂ ਦੇ ਬਾਵਜੂਦ, ਫਰਵਰੀ ਅਤੇ ਮਾਰਚ ਦੇ ਮਹੀਨੇ ਵਿੱਚ 20 ਲੱਖ ਤੋਂ ਵੱਧ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮ ਮੰਤਰਾਲੇ ਦੇ ਉਦਯਮ ਪੋਰਟਲ 'ਤੇ ਰਜਿਸਟਰ ਹੋਏ ਨੇ. ਡਾ. ਰਜਨੀਸ਼ ਨੇ ਕਿਹਾ ਕਿ ਸਰਕਾਰ ਪੱਛਮੀ ਏਸ਼ੀਆ  ਟਕਰਾਅ ਦਰਮਿਆ ਸਾਰੀਆਂ MSME ਸੰਸਥਾਵਾਂ ਦੇ ਸੰਪਰਕ ਵਿੱਚ ਏ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤੀ ਰਿਜ਼ਰਵ ਬੈਂਕ ਨੇ MSME ਨੂੰ ਬਿਨਾ ਕੁਝ ਗਹਿਣੇ ਰਖਿਆਂ ਕਰਜ਼ਾ ਦੇਣ ਦੀ ਸੀਮਾ 10 ਲੱਖ ਰੁਪਏ ਤੋਂ ਵਧਾ ਕੇ 20 ਲੱਖ ਰੁਪਏ ਕਰ ਦਿੱਤੀ ਹਏ  ਵਧੀਕ ਸਕੱਤਰ ਨੇ ਕਿਹਾ ਕਿ ਛੋਟੇ ਉਦਮਾਂ ਬਾਰੇ ਰਾਸ਼ਟਰੀ ਕਾਰਪੋਰੇਸ਼ਨ ਰਾਹੀਂ MSME ਨੂੰ 1.05 ਮੀਟ੍ਰਿਕ ਟਨ ਤੋਂ ਵੱਧ ਕੱਚਾ ਮਾਲ ਉਪਲਬਧ ਕਰਵਾਇਆ ਗਿਆ ਏ।

-----------------------------------------------------

ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜ਼ਿਲ੍ਹਾ ਹੁਸ਼ਿਆਰਪੁਰ ਦੇ ਟਾਂਡਾ ਵਿਖੇ 150 ਕਰੋੜ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਪ੍ਰਾਜੈਕਟਾਂ ਦਾ  ਉਦਘਾਟਨ ਕੀਤਾ । ਇਸ ਮੌਕੇ ਇਲਾਕੇ ਦੀਆਂ ਲਿੰਕ ਸੜਕਾਂ ਦੇ ਨਵੀਨੀਕਰਨ ਲਈ 141.88 ਕਰੋੜ ਰੁਪਏ ਦੇ ਪ੍ਰੋਜੈਕਟ ਲੋਕਾਂ ਨੂੰ ਸਮਰਪਿਤ ਕੀਤੇ ਗਏ ਨੇ. ਇਸ ਦੇ ਨਾਲ ਹੀ ਓਹਨਾਂ ਕਿਹਾ ਕਿ ਗੁਰਦੁਆਰਾ ਰਾਮਪੁਰ ਖੇੜਾ ਸਾਹਿਬ ਜਾਣ ਵਾਲੀ ਸੰਗਤ ਦੀ ਸਹੂਲਤ ਲਈ 2.39 ਕਰੋੜ ਰੁਪਏ ਦੀ ਲਾਗਤ ਨਾਲ 'ਹਾਈ ਲੈਵਲ ਬ੍ਰਿਜ' ਬਣਾਇਆ ਜਾਵੇਗਾ। ਮੁਖ ਮੰਤਰੀ ਨੇ ਕਿਹਾ ਕਿ ਸਿਹਤ ਸਹੂਲਤਾਂ ਵਿੱਚ ਵਾਧਾ ਕਰਦਿਆਂ 6 ਪਿੰਡਾਂ ਵਿੱਚ ₹3.30 ਕਰੋੜ ਦੀ ਲਾਗਤ ਨਾਲ ਸਿਹਤ ਤੰਦਰੁਸਤੀ ਕੇਂਦਰ ਅਤੇ ਗੜ੍ਹਦੀਵਾਲ ਵਿਖੇ ₹1.35 ਕਰੋੜ ਨਾਲ ਸ਼ਹਿਰੀ ਮੁਢਲਾ ਸਿਹਤ ਕੇਂਦਰ ਕਾਇਮ ਕੀਤਾ ਜਾ ਰਿਹਾ ਏ । ਪਿੰਡ ਤਲਵੰਡੀ ਡੱਡੀਆਂ ਵਿਖੇ 1.54 ਕਰੋੜ ਰੁਪਏ ਦਾ ਜਲ ਸਪਲਾਈ ਪ੍ਰਾਜੈਕਟ ਵੀ ਸ਼ੁਰੂ ਕੀਤਾ ਗਿਆ ਏ ।

---------------------------------------------------------------------

ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਵਲੋਂ ਪੰਜਾਬ ਤੋਂ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਅਸ਼ੋਕ ਮਿੱਤਲ ਨਾਲ ਜੁੜੀਆਂ ਥਾਵਾਂ 'ਤੇ Foreign Exchange ਪ੍ਰਬੰਧ ਬਾਰੇ ਕਾਨੂੰਨ, 1999 (ਫੇਮਾ)  ਤਹਿਤ

ਤਲਾਸ਼ੀ ਲਈ ਗਈ। ਈਡੀ ਹਲਕਿਆਂ ਨੇ ਕਿਹਾ ਏ ਕਿ ਇਹ ਤਲਾਸ਼ੀ ਮੁਹਿੰਮ ਲਵਲੀ ਯੂਨੀਵਰਸਿਟੀ ਗਰੁੱਪ ਨਾਲ ਜੁੜੀਆਂ ਸੰਸਥਾਵਾਂ ਦੀ ਵਿਆਪਕ ਜਾਂਚ ਦਾ ਹਿੱਸਾ ਸੀ। ਹਲਕਿਆਂ ਨੇ ਦੱਸਿਆ ਏ ਕਿ ਜਲੰਧਰ ਅਤੇ ਗੁੜਗਾਓਂ ਵਿੱਚ ਕੁੱਲ 10 ਥਾਵਾਂ ਨੂੰ ਆਪ੍ਰੇਸ਼ਨ ਦੇ ਹਿੱਸੇ ਵਜੋਂ ਕਵਰ ਕੀਤਾ ਗਿਆ। ਇਨ੍ਹਾਂ ਵਿੱਚ ਜਲੰਧਰ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਅਤੇ ਗੁੜਗਾਓਂ ਵਿੱਚ ਵਿਦਿਅਕ ਅਦਾਰੇ ਸ਼ਾਮਿਲ ਨੇ।

------------------------------------------------------------------

ਪੰਜਾਬ ਵਿੱਚ, ਦੇਰ ਰਾਤ ਹੋਏ ਬਸ ਹਾਦਸੇ ਵਿੱਚ ਮਰਨ ਵਾਲਿਆਂ ਦੀ ਗਿਣਤੀ 8 ਹੋ ਗਈ ਏ ਅਤੇ 20 ਤੋਂ ਵੱਧ ਲੋਕਾਂ ਦੇ ਜ਼ਖਮੀ ਹੋਣ ਦੀ ਖ਼ਬਰ ਏ। ਬੱਸ ਵਿੱਚ ਕਰੀਬ 40 ਲੋਕ ਸਵਾਰ ਸਨ ਅਤੇ ਇਸਨੂੰ ਗੁਰਦੁਆਰਾ ਗ੍ਰੰਥੀ ਇਕਬਾਲ ਸਿੰਘ ਚਲਾ ਰਹੇ ਸਨ, ਜਿਨ੍ਹਾਂ ਦੀ ਵੀ ਇਸ ਘਟਨਾ ਵਿੱਚ ਮੌਤ ਹੋ ਗਈ। ਪੁਲਿਸ ਹਲਕਿਆਂ ਦੇ ਹਵਾਲੇ ਨਾਲ, ਸਾਡੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਇਹ ਮੰਦਭਾਗੀ ਬੱਸ ਦੇ ਪੀੜਤ ਸ਼ਰਧਾਲੂ ਨੇ ਜੋ ਕੱਲ੍ਹ ਵਿਸਾਖੀ ਦੇ ਮੌਕੇ 'ਤੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਮੱਥਾ ਟੇਕਣ ਤੋਂ ਬਾਅਦ ਘਰ ਵਾਪਸ ਜਾ ਰਹੇ ਸਨ। ਹਾਦਸਾ ਵਾਪਰਨ ਤੇ ਨਜ਼ਦੀਕੀ ਪਿੰਡਾਂ ਤੱਕ ਖਬਰ ਮਿਲਦੇ ਸਾਰ ਹੀ ਮੌਕੇ ਤੇ ਪੁੱਜੇ ਤੇ ਪੀੜਤਾਂ ਦੀ ਮੱਦਦ

ਕੀਤੀ । ਹਾਦਸੇ ਦੇ ਪੀੜਤ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਦੇ ਇੱਕ ਇਤਿਹਾਸਕ ਸ਼ਹਿਰ ਬੱਸੀ ਪਠਾਣਾ ਦੇ ਉਸੇ ਪਿੰਡ ਮੈਂਣ ਮਾਜਰੀ ਨਾਲ ਸਬੰਧਤ ਨੇ. ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪੰਜਾਬ ਦੇ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਵਿੱਚ, ਵਾਪਰੇ ਸੜਕ ਹਾਦਸੇ ਵਿੱਚ ਹੋਏ ਜਾਨੀ ਨੁਕਸਾਨ 'ਤੇ ਦੁੱਖ ਪ੍ਰਗਟ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਆਪਣੇ ਅਜ਼ੀਜ਼ਾਂ ਨੂੰ ਗੁਆਉਣ ਵਾਲੇ ਪਰਿਵਾਰਾਂ ਪ੍ਰਤੀ ਸੰਵੇਦਨਾ ਪ੍ਰਗਟ ਕੀਤੀ ਏ ਅਤੇ ਜ਼ਖਮੀਆਂ ਦੇ ਛੇਤੀ ਠੀਕ ਹੋਣ ਦੀ ਕਾਮਨਾ ਕੀਤੀ ਏ।ਪ੍ਰਧਾਨ ਮੰਤਰੀ, ਨਰੇਂਦਰ ਮੋਦੀ ਨੇ ਇਸ ਹਾਦਸੇ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਏ । ਉਨ੍ਹਾਂ ਨੇ ਹਾਦਸੇ ‘ਚ ਆਪਣੇ ਅਜ਼ੀਜ਼ਾਂ ਨੂੰ ਗੁਆਉਣ ਵਾਲਿਆਂ ਪ੍ਰਤੀ ਸੰਵੇਦਨਾ ਪ੍ਰਗਟ ਕੀਤੀ ਅਤੇ ਜ਼ਖਮੀਆਂ ਦੀ ਜਲਦੀ ਸਿਹਤਯਾਬੀ ਲਈ ਪ੍ਰਾਰਥਨਾ ਕੀਤੀ। ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵੀ ਮੌਤਾਂ 'ਤੇ ਸੋਗ ਪ੍ਰਗਟ ਕੀਤਾ ਏ ।

------------------------------------------------------------------------

ਪੰਜਾਬ ਪੁਲਿਸ ਦੀਆਂ ਮਹਿਲਾ ਅਧਿਕਾਰੀ ਆਧੁਨਿਕ ਪੁਲਿਸਿੰਗ ਦੇ ਮੋਹਰੀ ਮੋਰਚਿਆਂ 'ਤੇ ਇੱਕ ਫੈਸਲਾਕੁੰਨ ਸ਼ਕਤੀ ਵਜੋਂ ਉੱਭਰ ਰਹੀਆਂ ਨੇ. ਉਹ ਮੁੱਖ ਕਾਰਜਾਂ ਦੀ ਅਗਵਾਈ ਕਰ ਰਹੀਆਂ ਨੇ ਅਤੇ ਸੂਬੇ ਵਿੱਚ ਅਪਰਾਧ ਨੂੰ ਕੰਟਰੋਲ ਕਰਨ ਲਈ ਪੰਜਾਬ ਸਰਕਾਰ ਦੇ ਨਿਰੰਤਰ

ਯਤਨਾਂ ਨੂੰ ਮਜ਼ਬੂਤ ਕਰ ਰਹੀਆਂ ਨੇ. ਉੱਚ-ਪ੍ਰਭਾਵ ਵਾਲੀਆਂ ਗੈਂਗਸਟਰ ਵਿਰੋਧੀ ਕਾਰਵਾਈਆਂ ਦੀ ਨਿਗਰਾਨੀ ਕਰਨ ਤੋਂ ਲੈ ਕੇ ਭਾਈਚਾਰਕ-ਕੇਂਦ੍ਰਿਤ ਪਹਿਲਕਦਮੀਆਂ ਨੂੰ ਚਲਾਉਣ ਤੱਕ, ਇਹ ਮਹਿਲਾ ਅਧਿਕਾਰੀ ਨਾ ਸਿਰਫ਼ ਅਪਰਾਧਿਕ ਨੈੱਟਵਰਕਾਂ ਨੂੰ ਖਤਮ ਕਰ ਰਹੀਆਂ ਨੇ ਸਗੋਂ ਫੋਰਸ ਦੇ ਅੰਦਰ ਲੀਡਰਸ਼ਿਪ ਨੂੰ ਵੀ ਮੁੜ ਪਰਿਭਾਸ਼ਿਤ ਕਰ ਰਹੀਆਂ ਨੇ. ਪੇਸ਼ ਏ ਇੱਕ ਰਿਪੋਰਟ -v / c

*ਲੀਡਰਸ਼ਿਪ ਭੂਮਿਕਾਵਾਂ ਵਿੱਚ ਔਰਤਾਂ ਦੀ ਵੱਧ ਰਹੀ ਮੌਜੂਦਗੀ ਨੇ ਪੰਜਾਬ ਪੁਲਿਸ ਨੂੰ ਦੇਸ਼ ਦੀਆਂ ਸਭ ਤੋਂ ਪ੍ਰਗਤੀਸ਼ੀਲ ਤਾਕਤਾਂ ਵਿੱਚ ਸ਼ਾਮਲ ਕੀਤਾ ਏ। 'ਗੈਂਗਸਟਰਾਂ ਤੇ ਵਾਰ' ਅਤੇ 'ਆਪ੍ਰੇਸ਼ਨ ਪ੍ਰਹਾਰ' ਹੋਵੇ, ਇਹ ਅਧਿਕਾਰੀ ਨਾ ਸਿਰਫ਼ ਸੂਬੇ ਨੂੰ ਅਪਰਾਧ ਤੋਂ ਬਚਾ ਰਹੇ ਨੇ ਸਗੋਂ ਨੌਜਵਾਨ ਔਰਤਾਂ ਦੀ ਇੱਕ ਨਵੀਂ ਪੀੜ੍ਹੀ ਨੂੰ ਫੋਰਸ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਵੀ ਕਰ ਰਹੇ ਨੇ. ਇਸ ਵੇਲੇ, ਪੰਜਾਬ ਵਿੱਚ ਵੱਖ-ਵੱਖ ਪੱਧਰਾਂ 'ਤੇ 79 ਔਰਤ ਪੁਲਿਸ ਅਧਿਕਾਰੀ ਨੇ ਜਿਨ੍ਹਾਂ ਵਿੱਚ ਗੁਰਪ੍ਰੀਤ ਦਿਓ ਵਰਗੇ ਪੁਲਿਸ ਦੇ ਵਿਸ਼ੇਸ਼ ਡਾਇਰੈਕਟਰ ਜਨਰਲ ਤੋਂ ਲੈ ਕੇ ਡਿਪਟੀ ਸੁਪਰਡੈਂਟ ਤੱਕ ਸ਼ਾਮਿਲ ਨੇ. ਪੰਜਾਬ ਪੁਲਿਸ ਦੇ ਰਿਕਾਰਡ ਅਨੁਸਾਰ, ਬਲਾਂ ਵਿੱਚ 4 ਵਿਸ਼ੇਸ਼ ਡੀਜੀਪੀ, 1 ਏ ਡੀ ਜੀ ਪੀ, 2 ਇੰਸਪੈਕਟਰ ਜਨਰਲ ਤੇ ਪੁਲਿਸ ਕਮਿਸ਼ਨਰ ਸ਼ਾਮਲ ਨੇ ਜਿਨ੍ਹਾਂ ਵਿੱਚ*

ਜਲੰਧਰ ਵਿੱਚ ਧਨਪ੍ਰੀਤ ਕੋਰ ਅਤੇ ਇੰਸਪੈਕਟਰ ਜਨਰਲ, ਫਰੀਦਕੋਟ ਰੇਂਜ, ਨੀਲਾਂਬਰੀ ਜਗਦਲੇ ਸ਼ਾਮਲ ਨੇ. ਰਾਜ ਵਿੱਚ 2 ਡਿਪਟੀ ਆਈ.ਜੀ., 18 ਐਸ.ਐਸ.ਪੀ./ਏ.ਆਈ.ਜੀ. ਤੇ ਕਮਾਂਡੈਂਟ ਰੈਂਕ ਦੇ ਅਧਿਕਾਰੀ ਵੀ ਨੇ. ਇਨ੍ਹਾਂ ਵਿੱਚੋਂ 3 ਜ਼ਿਲ੍ਹਾ ਪੁਲਿਸ ਮੁਖੀ ਨੇ ਜਿਨ੍ਹਾਂ ਵਿੱਚ ਡਾ. ਪ੍ਰਗਿਆ ਜੈਨ ਜੋ ਕਿ ਐਸ.ਐਸ.ਪੀ. ਫਰੀਦਕੋਟ ਨੇ ਅਤੇ ਡਾ. ਦਰਪਨ ਆਹਲੂਵਾਲੀਆ, ਐਸ.ਐਸ.ਪੀ., ਖੰਨਾ ਸ਼ਾਮਲ ਨੇ. ਰਾਜ ਵਿੱਚ 23 ਐਸ.ਪੀ., 1 ਏ.ਐਸ.ਪੀ. ਅਤੇ 28 ਡੀ.ਐਸ.ਪੀ. ਮਹਿਲਾ ਪੁਲਿਸ ਅਧਿਕਾਰੀ ਵੀ ਨੇ. ਜਦੋਂ ਕਿ ਇਹ ਅਧਿਕਾਰੀ ਅਪਰਾਧ ਨਾਲ ਨਜਿੱਠਣ ਲਈ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਦੇ ਨੇ, ਉਨ੍ਹਾਂ ਦੇ ਪਰਿਵਾਰ ਅਤੇ ਟੀਮ ਮੈਂਬਰ ਉਨ੍ਹਾਂ 'ਤੇ ਮਾਣ ਮਹਿਸੂਸ ਕਰਦੇ ਨੇ. ਇਹ ਕੋਈ ਲੁਕੀ ਹੋਈ ਗੱਲ ਨਹੀਂ ਏ ਕਿ ਪੰਜਾਬ ਪੁਲਿਸ ਦੀਆਂ ਔਰਤ ਅਧਿਕਾਰੀਆਂ ਨੇ ਪੁਲਿਸਿੰਗ ਦੇ ਮਿਆਰਾਂ ਨੂੰ ਉੱਚਾ ਚੁੱਕਿਆ ਏ। ਨਾ ਸਿਰਫ਼ FIELD ਵਿੱਚ, ਸਗੋਂ ਇਹ ਅਧਿਕਾਰੀ, ਤਕਨਾਲੋਜੀ ਵਿੱਚ ਚੰਗੀ ਤਰ੍ਹਾਂ ਸਿਖਲਾਈ ਪ੍ਰਾਪਤ ਨੇ, ਸੂਬੇ ਵਿੱਚ ਅਪਰਾਧ ਨੂੰ ਰੋਕਣ ਬਾਰੇ ਚੰਗੀ ਤਰ੍ਹਾਂ ਜਾਣੂ ਨੇ ਅਤੇ ਪੰਜਾਬ ਨੂੰ ਦੇਸ਼ ਦੇ ਸਭ ਤੋਂ ਸੁਰੱਖਿਅਤ ਰਾਜਾਂ ਵਿੱਚੋਂ ਇੱਕ ਬਣਾਉਣ ਦੇ ਆਪਣੇ ਉਦੇਸ਼ ਨੂੰ ਪ੍ਰਾਪਤ ਕਰਨ ਬਾਰੇ ਸਪੱਸ਼ਟ ਨੇ>

---------------------------------------------------------------------

ਹੁਸ਼ਿਆਰਪੁਰ ‘ਚ ਜ਼ਿਲ੍ਹਾ ਭਾਜਪਾ ਮਹਿਲਾ ਮੋਰਚਾ ਪ੍ਰਧਾਨ ਸੰਤੋਸ਼ ਵਸ਼ਿਸ਼ਟ ਦੀ ਪ੍ਰਧਾਨਗੀ ਹੇਠ ਕੇਂਦਰ ਸਰਕਾਰ ਵੱਲੋਂ ਮਹਿਲਾ ਸ਼ਕਤੀਕਰਨ ਨੂੰ ਹੋਰ ਮਜ਼ਬੂਤ ਕਰਨ ਲਈ ਲਾਗੂ ਕੀਤੇ ਗਏ ਨਾਰੀ ਸ਼ਕਤੀ ਵੰਦਨ ਕਾਨੂੰਨ ਸਬੰਧੀ ਇੱਕ ਪ੍ਰੈਸ ਕਾਨਫਰੰਸ ਕੀਤੀ ਗਈ। ਜਿਸ ਵਿੱਚ ਸੂਬਾ ਭਾਜਪਾ ਵੱਲੋਂ ਸੂਬਾ ਸਕੱਤਰ ਮੀਨੂੰ ਸੇਠੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੇਂਦਰ ਦੀ ਨਰੇਂਦਰ ਮੋਦੀ ਸਰਕਾਰ ਵੱਲੋਂ ਨਾਰੀ ਸ਼ਕਤੀ ਵੰਦਨ ਅਧਿਨਿਯਮ ਲਾਗੂ ਕਰਨ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਨਾਰੀ ਸ਼ਕਤੀ ਵੰਦਨ ਅਧਿਨਿਯਮ ਵਰਗੇ ਇਤਿਹਾਸਕ ਫੈਸਲੇ ਇਸ ਗੱਲ ਦਾ ਸਬੂਤ ਨੇ ਕਿ ਭਾਜਪਾ ਸਰਕਾਰ ਔਰਤਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਸਮਰਪਿਤ ਏ –

-----------------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਹਵਾਈ ਫੌਜ ਦੇ ਮਾਰਸ਼ਲ ਅਰਜਨ ਸਿੰਘ ਨੂੰ ਉਨ੍ਹਾਂ ਦੀ 107ਵੀਂ ਜਨਮ ਵਰ੍ਹੇਗੰਢ ਦੇ ਮੌਕੇ 'ਤੇ ਸ਼ਰਧਾਂਜਲੀ ਭੇਟ ਕੀਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਸਿੰਘ ਨੇ ਕਿਹਾ ਕਿ ਅਰਜਨ ਸਿੰਘ ਦਾ ਜੀਵਨ ਇੱਕ ਪ੍ਰੇਰਨਾ ਏ, ਜੋ ਯੋਧਿਆਂ ਦੀਆਂ ਪੀੜ੍ਹੀਆਂ ਦਾ, ਮੁਹਾਰਤ, ਈਮਾਨਦਾਰੀ ਅਤੇ ਰਾਸ਼ਟਰ ਪ੍ਰਤੀ ਵਚਨਬੱਧਤਾ ਨਾਲ ਸੇਵਾ ਕਰਨ ਲਈ ਮਾਰਗਦਰਸ਼ਨ ਕਰਦਾ ਏ । ਮੰਤਰੀ ਨੇ ਕਿਹਾ ਕਿ

ਮਹਾਨ ਫੌਜੀ ਆਗੂ  ਭਾਰਤ ਦੇ ਹਵਾਈ ਫੌਜ ਦੇ ਇਕਲੌਤੇ ਪੰਜ-ਸਿਤਾਰਾ ਅਧਿਕਾਰੀ ਨੇ ਜਿਨ੍ਹਾਂ ਦੀ ਹਿੰਮਤ ਅਤੇ ਦੂਰ- ਅੰਦੇਸ਼ੀ ਨੇ ਦੇਸ਼ ਦੀ ਹਵਾਈ ਸ਼ਕਤੀ ਨੂੰ ਨੁਹਾਰ ਦਿੱਤੀ।

-----------------------------------------------------------

ਅਮਰਨਾਥ ਯਾਤਰਾ ਲਈ ਅਗਾਹੂੰ ਰਜਿਸਟ੍ਰੇਸ਼ਨ ਅੱਜ ਤੋਂ ਦੇਸ਼ ਭਰ ਦੀਆਂ 554 ਨਿਰਧਾਰਤ ਬੈਂਕ ਸ਼ਾਖਾਵਾਂ 'ਤੇ ਔਨਲਾਈਨ ਅਤੇ ਔਫਲਾਈਨ ਦੋਵਾਂ ਤਰੀਕਿਆਂ ਰਾਹੀਂ ਸ਼ੁਰੂ ਹੋ ਗਈ ਏ। ਸ਼੍ਰੀ ਅਮਰਨਾਥ ਸ਼ਰਾਈਨ ਬੋਰਡ ਨੇ ਸ਼ਰਧਾਲੂਆਂ ਲਈ ਵੇਰਵੇ ਸਹਿਤ ਪ੍ਰਕਿਰਿਆਵਾਂ ਜਾਰੀ ਕੀਤੀਆਂ ਨੇ. 57 ਦਿਨਾਂ ਦੀ ਯਾਤਰਾ 3 ਜੁਲਾਈ ਨੂੰ ਸ਼ੁਰੂ ਹੋਵੇਗੀ ਅਤੇ 28 ਅਗਸਤ ਨੂੰ ਰੱਖੜੀ ਵਾਲੇ ਦਿਨ ਸੰਪੂਰਨ ਹੋਵੇਗੀ। ਭਗਵਾਨ ਸ਼ਿਵ ਦਾ ਅਸ਼ੀਰਵਾਦ ਲੈਣ ਲਈ ਪ੍ਰਥਮ ਪੂਜਾ, 29 ਜੂਨ ਨੂੰ ਹੋਵੇਗੀ।

-----------------------------------------------------------

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਕਿਹਾ ਕਿ ਸਿਹਤ ਵਿਭਾਗ ਵੱਲੋਂ ਅਤਿ ਦੀ ਗਰਮੀ ਦੇ ਪ੍ਰਭਾਵਾਂ ਨੂੰ ਰੋਕਣ, ਘੱਟ ਕਰਨ ਅਤੇ ਇਸ ਪ੍ਰਤੀ ਪ੍ਰਬੰਧ ਲਈ ਸਹੂਲਤਾਂ ਪ੍ਰਦਾਨ ਕਰਨ ਅਤੇ ਇਸ ਸਬੰਧੀ ਮੁਲਾਜ਼ਮਾਂ ਨੂੰ ਤਿਆਰ ਕਰਨ ਲਈ ਸਰਗਰਮ ਕਦਮ ਚੁੱਕੇ ਗਏ ਨੇ. ਮੰਤਰੀ ਨੇ ਕਿਹਾ ਕਿ ਅਤਿ ਦੀ ਗਰਮੀ ਦੇ ਸੰਪਰਕ

ਵਿੱਚ ਆਉਣ ਨਾਲ ਜੋਖਮ ਕਾਫ਼ੀ ਵੱਧ ਜਾਂਦਾ ਹੈ ਅਤੇ ਮੌਜੂਦਾ ਦਿਲ ਅਤੇ ਸਾਹ ਦੀਆਂ ਸਥਿਤੀਆਂ ਵਿੱਚ ਵੀ ਵਾਧਾ ਹੁੰਦਾ ਏ। ਡਾ. ਬਲਬੀਰ ਸਿੰਘ ਨੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ, ਓਹਨਾਂ ਸਾਰੇ ਸਿਵਲ ਸਰਜਨਾਂ ਨੂੰ ਸਾਰੇ ਜ਼ਿਲ੍ਹਾ ਹਸਪਤਾਲਾਂ, ਸਬ-ਡਵੀਜ਼ਨ ਹਸਪਤਾਲਾਂ ਅਤੇ ਕਮਿਊਨਿਟੀ ਹੈਲਥ ਸੈਂਟਰਾਂ ਵਿੱਚ ਸਮਰਪਿਤ ਹੀਟ

---------------------------------------------------------------------------

IPL ਕ੍ਰਿਕੇਟ ਵਿੱਚ, ਅੱਜ ਬੈਂਗਲੁਰੂ ਦੇ ਐਮ. ਚਿੰਨਾਸਵਾਮੀ ਸਟੇਡੀਅਮ ਵਿੱਚ, Royal ਚੈਲੇਂਜਰਜ਼ ਬੈਂਗਲੁਰੂ ਦਾ ਮੁਕਾਬਲਾ  ਲਖਨਊ ਸੁਪਰ Giants ਨਾਲ ਹੋਵੇਗਾ। ਇਹ ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ।

---------------------------------------------------------------------------

- ਪਛਮੀ ਏਸ਼ੀਆ ਸੰਕਟ ਦਰਮਿਆਨ ਭਾਰਤੀ ਰਿਜ਼ਰਵ ਬੈਂਕ ਨੇ MSME ਨੂੰ ਬਿਨਾ ਕੁਝ ਗਹਿਣੇ ਰਖਿਆਂ ਕਰਜ਼ਾ ਦੇਣ ਦੀ ਸੀਮਾ 10 ਲੱਖ ਰੁਪਏ ਤੋਂ ਵਧਾ ਕੇ 20 ਲੱਖ ਰੁਪਏ ਕਰ ਦਿੱਤੀ ਏ
- ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜ਼ਿਲ੍ਹਾ ਹੁਸ਼ਿਆਰਪੁਰ ਦੇ ਟਾਂਡਾ ਵਿਖੇ 150 ਕਰੋੜ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਪ੍ਰਾਜੈਕਟਾਂ ਦਾ  ਉਦਘਾਟਨ।

- ਈਡੀ ਵਲੋਂ ਪੰਜਾਬ ਤੋਂ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਅਸ਼ੋਕ ਮਿੱਤਲ ਨਾਲ ਜੁੜੀਆਂ ਥਾਵਾਂ 'ਤੇ  ਤਲਾਸ਼ੀ ਲਈ ਗਈ ।
- ਅਮਰਨਾਥ ਯਾਤਰਾ ਲਈ ਅਗਾਹੂੰ ਰਜਿਸਟ੍ਰੇਸ਼ਨ ਅੱਜ ਤੋਂ ਦੇਸ਼ ਭਰ ਦੀਆਂ 554 ਨਿਰਧਾਰਤ ਬੈਂਕ ਸ਼ਾਖਾਵਾਂ 'ਤੇ ਔਨਲਾਈਨ ਅਤੇ ਔਫਲਾਈਨ ਦੋਵਾਂ ਤਰੀਕਿਆਂ ਰਾਹੀਂ ਸ਼ੁਰੂ
- IPL ਕ੍ਰਿਕੇਟ ਵਿੱਚ, ਅੱਜ Royal ਚੈਲੇਂਜਰਜ਼ ਬੈਂਗਲੁਰੂ ਦਾ ਮੁਕਾਬਲਾ ਸ਼ਾਮੀਂ ਸਾਢੇ 7 ਵਜੇ ਲਖਨਊ ਸੁਪਰ Giants ਨਾਲ ਹੋਵੇਗਾ।

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ.**

**ਸਾਡਾ ਅਗਲਾ ਪ੍ਰਾਦੇਸ਼ਿਕ ਬੁਲੇਟਿਨ**

**ਸ਼ਾਮ ਸਾਢੇ 7 ਵਜੇ ਹੋਏਗਾ**

**ਨਮਸ੍ਕਾਰ**